



ਡੀ.ਐੱਸ.ਪੀ. ਨੰਗਲ ਸਤੀਸ਼ ਕੁਮਾਰ ਸ਼ਰਮਾ ਅਤੇ ਪੁਲੀਸ ਥਾਣਾ ਮੁਖੀ ਨੰਗਲ ਸਬ ਇੰਸਪੈਕਟਰ ਦਾਨਿਸ਼ਵੀਰ ਸਿੰਘ ਅਤੇ ਪੁਲਸ ਚੌਕੀ ਇੰਚਾਰਜ ਨਵਾਂ ਨੰਗਲ ਸਬ ਇੰਸਪੈਕਟਰ ਇੰਦਰਜੀਤ ਸਿੰਘ ਪੁਲਿਸ ਪਾਰਟੀ ਗ੍ਰਿਫ਼ਤਾਰ ਕੀਤੇ ਨੌਜਵਾਨ ਕੋਲੋਂ ਬਰਾਮਦ ਕੀਤੇ ਗਏ ਮੋਟਰਸਾਈਕਲ ਅਤੇ ਹੋਰ ਸਾਮਾਨ ਬਾਰੇ ਜਾਣਕਾਰੀ ਦਿੰਦੇ ਹੋਏ।

# ਚਾਰ ਮੋਟਰਸਾਈਕਲ, ਤਿੰਨ ਮੋਬਾਈਲ, ਦੋ ਬੈਟਰੀਆਂ ਅਤੇ ਇਕ ਸੋਨੇ ਦੀ ਸਿੰਙੀ ਸਮੇਤ ਇਕ ਨੌਜਵਾਨ ਗ੍ਰਿਫ਼ਤਾਰ

ਨੰਗਲ, 1 ਜੁਲਾਈ (ਪ੍ਰੀਤਮ ਸਿੰਘ ਬਰਾਰੀ)-ਪੁਲਿਸ ਵਲੋਂ ਇਲਾਕੇ ਵਿਚ ਪਿਛਲੇ ਕਾਫ਼ੀ ਸਮੇਂ ਤੋਂ ਹੋ ਰਹੀਆਂ ਚੋਰੀਆਂ ਭਾਰਤ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਵਿੱਢੀ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਇਕ ਨੌਜਵਾਨ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਚਾਰ ਮੋਟਰ ਸਾਈਕਲ, ਤਿੰਨ ਮੋਬਾਈਲ ਫ਼ੋਨ, ਦੋ ਬੈਟਰੀਆਂ ਅਤੇ ਇਕ ਸੋਨੇ ਦੀ ਸਿੰਘੀ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ। ਡੀ.ਐੱਸ.ਪੀ. ਨੰਗਲ ਸਤੀਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਐੱਸ.ਐੱਸ.ਪੀ. ਰੂਪਨਗਰ ਦੇ ਨਿਰਦੇਸ਼ਾਂ ਤਹਿਤ ਨੰਗਲ ਪੁਲਿਸ ਵਲੋਂ ਥਾਣਾ ਮੁਖੀ ਸਬ ਇੰਸਪੈਕਟਰ ਤਾਨਿਸ਼ਬੀਰ ਸਿੰਘ ਦੀ ਅਗਵਾਈ ਹੇਠ ਇਲਾਕੇ ਵਿਚ ਨਸ਼ਿਆਂ ਤੇ ਅਪਰਾਧਿਕ ਗਤੀਵਿਧੀਆਂ ਨੂੰ ਨੱਥ ਪਾਉਣ ਲਈ ਵੱਖ-ਵੱਖ ਟੀਮਾਂ ਬਣਾ ਕੇ ਅਤੇ ਨਾਕਾਬੰਦੀ ਕਰਕੇ ਅਪਰਾਧਿਕ ਅਨਸਰਾਂ ਖ਼ਿਲਾਫ਼ ਜਾਂਚ ਪੜਤਾਲ ਸ਼ੁਰੂ ਕੀਤੀ ਹੋਈ ਸੀ। ਇਸ ਦੇ ਤਹਿਤ ਹੀ ਪੁਲਸ ਚੌਕੀ ਨਵਾਂ ਨੰਗਲ ਦੇ ਇੰਚਾਰਜ ਸਬ ਇੰਸਪੈਕਟਰ ਇੰਦਰਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਵਲੋਂ ਉਕਤ ਨੌਜਵਾਨ ਨੂੰ ਗ੍ਰਿਫ਼ਤਾਰ ਕਰਨ ਵਿਚ ਸਫਲਤਾ ਮਿਲੀ ਹੈ। ਉਨ੍ਹਾਂ ਦੱਸਿਆ ਕਿ ਪੁਲੀਸ ਵਲੋਂ ਕਾਬੂ ਕੀਤੇ ਗਏ ਨੌਜਵਾਨ ਦੀ ਪਹਿਚਾਣ ਮਨੋਜ ਕੁਮਾਰ ਉਰਫ਼ ਮੋਨੂੰ ਵਾਸੀ ਮੌਜੋਵਾਲ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ 23 ਜੂਨ ਨੂੰ ਦਰਜ ਇੱਕ ਮਾਮਲੇ ਵਿਚ ਚਾਰ ਨੌਜਵਾਨਾਂ ਦਾ ਨਾਮ ਆਇਆ ਸੀ ਜਿਨ੍ਹਾਂ ਵਿਚੋਂ ਤਿੰਨ ਪਹਿਲਾਂ ਹੀ ਪੁਲਿਸ ਵਲੋਂ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਮਨੋਜ ਕੁਮਾਰ ਨੂੰ ਮਾਨਯੋਗ ਅਦਾਲਤ ਵਿਚ ਪੇਸ਼ ਕਰਕੇ ਇੱਕ ਦਿਨ ਦਾ ਪੁਲੀਸ ਰਿਮਾਂਡ ਹਾਸਲ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮਨੋਜ ਤੋਂ ਪੁੱਛਗਿੱਛ ਦੌਰਾਨ ਚੋਰੀ ਕੀਤੇ ਹੋਏ ਚਾਰ ਮੋਟਰ ਸਾਈਕਲ, ਤਿੰਨ ਮੋਬਾਈਲ ਫ਼ੋਨ, ਇਕ ਸੋਨੇ ਦੀ ਸਿੰਘੀ ਅਤੇ ਦੋ ਬੈਟਰੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਗਹਿਰਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਆਸ ਹੈ ਕਿ ਇਸ ਤੋਂ ਕੁੱਝ ਹੋਰ ਅਹਿਮ ਜਾਣਕਾਰੀਆਂ ਮਿਲ ਸਕਦੀਆਂ ਹਨ। ਇਸ ਮੌਕੇ ਡੀ.ਐੱਸ.ਪੀ. ਨਾਲ ਪੁਲਿਸ ਥਾਣਾ ਮੁਖੀ ਦਾਨਿਸ਼ਵੀਰ ਸਿੰਘ, ਨਵਾਂ ਨੰਗਲ ਚੌਕੀ ਇੰਚਾਰਜ ਇੰਦਰਜੀਤ ਸਿੰਘ ਹਾਜ਼ਰ ਸਨ।

ਅਜੀਤ ®©
02-Jul-2022
Page: 5
http://epaper.ajitjalandhar.com/edition/20220702/10/5.cms